ਭੈਰਉ ਮਹਲਾ ੫ ॥ ਬਿਨੁ ਬਾਜੇ ਕੈਸੋ ਨਿਰਤਿਕਾਰੀ ॥ ਬਿਨੁ ਕੰਠੈ ਕੈਸੇ ਗਾਵਨਹਾਰੀ ॥ ਜੀਲ ਬਿਨਾ ਕੈਸੇ ਬਜੈ ਰਬਾਬ ॥ ਨਾਮ ਬਿਨਾ ਬਿਰਥੇ ਸਭਿ ਕਾਜ ॥ ੧॥ ਨਾਮ ਬਿਨਾ ਕਹਹੁ ਕੋ ਤਰਿਆ ॥ ਬਿਨੁ ਸਤਿਗੁਰ ਕੈਸੇ ਪਾਰਿ ਪਰਿਆ ॥੧॥ ਰਹਾਉ ॥ ਬਿਨੁ ਜਿਹਵਾ ਕਹਾ ਕੋ ਬਕਤਾ ॥ ਬਿਨੁ ਸ੍ਰਵਨਾ ਕਹਾ ਕੋ ਸੁਨਤਾ ॥ ਬਿਨੁ ਨੇਤ੍ਰਾ ਕਹਾ ਕੋ ਪੇਖੈ ॥ ਨਾਮ ਬਿਨਾ ਨਰੁ ਕਹੀ ਨ ਲੇਖੈ ॥੨॥ ਬਿਨੁ ਬਿਦਿਆ ਕਹਾ ਕੋਈ ਪੰਡਿਤ ॥ ਬਿਨੁ ਅਮਰੈ ਕੈਸੇ ਰਾਜ ਮੰਡਿਤ ॥ ਬਿਨੁ ਬੂਝੇ ਕਹਾ ਮਨੁ ਠਹਰਾਨਾ ॥ ਨਾਮ ਬਿਨਾ ਸਭੁ ਜਗੁ ਬਉਰਾਨਾ ॥੩॥ ਬਿਨੁ ਬੈਰਾਗ ਕਹਾ ਬੈਰਾਗੀ ॥ ਬਿਨੁ ਹਉ ਤਿਆਗਿ ਕਹਾ ਕੋਊ ਤਿਆਗੀ ॥ ਬਿਨੁ ਬਸਿ ਪੰਚ ਕਹਾ ਮਨ ਚੂਰੇ ॥ ਨਾਮ ਬਿਨਾ ਸਦ ਸਦ ਹੀ ਝੂਰੇ ॥੪॥ ਬਿਨੁ ਗੁਰ ਦੀਖਿਆ ਕੈਸੇ ਗਿਆਨੁ ॥ ਬਿਨੁ ਪੇਖੇ ਕਹੁ ਕੈਸੋ ਧਿਆਨੁ ॥ ਬਿਨੁ ਭੈ ਕਥਨੀ ਸਰਬ ਬਿਕਾਰ ॥ ਕਹੁ ਨਾਨਕ ਦਰ ਕਾ ਬੀਚਾਰ ॥੫॥੬॥੧੯॥ {ਪੰਨਾ 1140}

ਪਦਅਰਥ:- ਕੈਸੇ—ਕਿਹੋ ਜਿਹਾ? ਫਬਦਾ ਨਹੀਂ। ਨਿਰਤਿਕਾਰੀ—ਨਾਚ। ਕੰਠ—ਗਲਾ। ਜੀਲ—ਤੰਦੀ। ਸਭਿ—ਸਾਰੇ।1।

ਕਹਹੁ—ਦੱਸੋ। ਕੋ—ਕੌਣ? ਕੈਸੇ—ਕਿਵੇਂ?।1। ਰਹਾਉ।

ਜਿਹਵਾ—ਜੀਭ। ਕਹਾ—ਕਹਾਂ? ਕਿੱਥੇ? ਕੋ—ਕੋਈ। ਬਕਤਾ—ਬੋਲਣ-ਜੋਗਾ। ਸ੍ਰਵਨ—ਕੰਨ। ਪੇਖੈ—ਵੇਖ ਸਕਦਾ ਹੈ। ਕਹੀ ਨ ਲੇਖੈ—ਕਿਤੇ ਭੀ ਲੇਖੇ ਵਿਚ ਨਹੀਂ, ਕਿਤੇ ਭੀ ਇੱਜ਼ਤ ਨਹੀਂ ਪਾ ਸਕਦਾ!।2।

ਅਮਰ—ਹੁਕਮ। ਰਾਜ ਮੰਡਿਤ—ਰਾਜ ਦੀ ਸਜਾਵਟ। ਠਹਰਾਨਾ—ਟਿਕ ਸਕਦਾ ਹੈ। ਬਉਰਾਨਾ—ਝੱਲਾ।3।

ਬੈਰਾਗੁ—ਉਪਰਾਮਤਾ, ਨਿਰਮੋਹਤਾ। ਹਉ—ਹਉਮੈ। ਬਸਿ—ਵੱਸ ਵਿਚ। ਪੰਚ—ਕਾਮਾਦਿਕ ਪੰਜੇ। ਚੂਰੇ—ਮਾਰਿਆ ਜਾ ਸਕੇ। ਸਦ—ਸਦਾ।4।

ਦੀਖਿਆ—ਉਪਦੇਸ਼। ਗਿਆਨੁ—ਆਤਮਕ ਜੀਵਨ ਦੀ ਸੂਝ। ਬਿਨੁ ਪੇਖੇ—ਵੇਖਣ ਤੋਂ ਬਿਨਾ। ਕਹੁ—ਦੱਸੋ। ਕੈਸੋ—ਕਿਹੋ ਜਿਹਾ? ਬਿਨੁ ਭੈ—ਡਰ-ਅਦਬ ਤੋਂ ਬਿਨਾ। ਕਥਨੀ ਸਰਬ—ਸਾਰੀ ਕਹਣੀ। ਵਿਕਾਰ—ਵਿਕਾਰਾਂ ਦਾ ਮੂਲ। ਨਾਨਕ—ਹੇ ਨਾਨਕ!।5।

ਅਰਥ:- ਹੇ ਭਾਈ! ਦੱਸ, ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਕੌਣ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕਦਾ ਹੈ? ਗੁਰੂ ਦੀ ਸਰਨ ਪੈਣ ਤੋਂ ਬਿਨਾ ਕਿਵੇਂ ਕੋਈ ਪਾਰ ਲੰਘ ਸਕਦਾ ਹੈ?।1। ਰਹਾਉ।

ਹੇ ਭਾਈ! (ਨਾਚ ਦੇ ਨਾਲ) ਸਾਜ਼ਾਂ ਤੋਂ ਬਿਨਾ ਨਾਚ ਫਬਦਾ ਨਹੀਂ। ਗਲੇ ਤੋਂ ਬਿਨਾ ਕੋਈ ਗਵਈਆ ਗਾ ਨਹੀਂ ਸਕਦਾ। ਤੰਦੀ ਤੋਂ ਬਿਨਾ ਰਬਾਬ ਨਹੀਂ ਵੱਜ ਸਕਦੀ। (ਇਸੇ ਤਰ੍ਹਾਂ) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਦੁਨੀਆ ਵਾਲੇ ਹੋਰ) ਸਾਰੇ ਕੰਮ ਵਿਅਰਥ ਚਲੇ ਜਾਂਦੇ ਹਨ।1।

ਹੇ ਭਾਈ! ਜੀਭ ਤੋਂ ਬਿਨਾ ਕੋਈ ਬੋਲਣ-ਜੋਗਾ ਨਹੀਂ ਹੋ ਸਕਦਾ, ਕੰਨਾਂ ਤੋਂ ਬਿਨਾ ਕੋਈ ਸੁਣ ਨਹੀਂ ਸਕਦਾ। ਅੱਖਾਂ ਤੋਂ ਬਿਨਾ ਕੋਈ ਵੇਖ ਨਹੀਂ ਸਕਦਾ। (ਇਸੇ ਤਰ੍ਹਾਂ) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਕਿਸੇ ਪੁੱਛ-ਗਿਛ ਵਿਚ ਨਹੀਂ ਹੈ।2।

ਹੇ ਭਾਈ! ਵਿੱਦਿਆ ਪ੍ਰਾਪਤ ਕਰਨ ਤੋਂ ਬਿਨਾ ਕੋਈ ਪੰਡਿਤ ਨਹੀਂ ਬਣ ਸਕਦੇ। (ਰਾਜਿਆਂ ਦੇ) ਹੁਕਮ ਤੋਂ ਬਿਨਾ ਰਾਜ ਦੀਆਂ ਸਜਾਵਟਾਂ ਕਿਸੇ ਕੰਮ ਨਹੀਂ। (ਆਤਮਕ ਜੀਵਨ ਦੀ) ਸੂਝ ਤੋਂ ਬਿਨਾ ਮਨੁੱਖ ਦਾ ਮਨ ਕਿਤੇ ਟਿਕ ਨਹੀਂ ਸਕਦਾ। ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਸਾਰਾ ਜਗਤ ਝੱਲਾ ਹੋਇਆ ਫਿਰਦਾ ਹੈ।3।

ਹੇ ਭਾਈ! ਜੇ ਵੈਰਾਗੀ ਦੇ ਅੰਦਰ ਮਾਇਆ ਵਲੋਂ ਨਿਰਮੋਹਤਾ ਨਹੀਂ, ਤਾਂ ਉਹ ਵੈਰਾਗੀ ਕਾਹਦਾ? ਹਉਮੈ ਨੂੰ ਤਿਆਗਣ ਤੋਂ ਬਿਨਾ ਕੋਈ ਤਿਆਗੀ ਨਹੀਂ ਅਖਵਾ ਸਕਦਾ। ਕਾਮਾਦਿਕ ਪੰਜਾਂ ਨੂੰ ਵੱਸ ਕਰਨ ਤੋਂ ਬਿਨਾ ਮਨ ਮਾਰਿਆ ਨਹੀਂ ਜਾ ਸਕਦਾ। ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਸਦਾ ਹੀ ਸਦਾ ਹੀ ਚਿੰਤਾ-ਫ਼ਿਕਰਾਂ ਵਿਚ ਪਿਆ ਰਹਿੰਦਾ ਹੈ।4।

ਹੇ ਭਾਈ! ਗੁਰੂ ਦੇ ਉਪਦੇਸ਼ ਤੋਂ ਬਿਨਾ ਆਤਮਕ ਜੀਵਨ ਦੀ ਸੂਝ ਨਹੀਂ ਪੈ ਸਕਦੀ। ਹੇ ਭਾਈ! ਉਹ ਸਮਾਧੀ ਕਾਹਦੀ, ਜੇ ਆਪਣੇ ਇਸ਼ਟ ਦਾ ਦਰਸਨ ਨਹੀਂ ਹੁੰਦਾ? ਹੇ ਭਾਈ! ਪਰਮਾਤਮਾ ਦਾ ਡਰ-ਅਦਬ ਹਿਰਦੇ ਵਿਚ ਰੱਖਣ ਤੋਂ ਬਿਨਾ ਮਨੁੱਖ ਦੀ ਸਾਰੀ ਚੁੰਚ-ਗਿਆਨਤਾ ਵਿਕਾਰਾਂ ਦਾ ਮੂਲ ਹੈ। ਹੇ ਨਾਨਕ! ਆਖ—ਹੇ ਭਾਈ! ਪਰਮਾਤਮਾ ਦੇ ਦਰ ਤੇ ਪਹੁੰਚਾਣ ਵਾਲੀ ਇਹ ਵਿਚਾਰ ਹੈ।5।6। 19।